# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 12-10-2024**

ਵਿਜੇਦਸ਼ਮੀ ਜਾਂ ਦੁਸਹਿਰੇ ਦਾ ਤਿਉਹਾਰ ਅੱਜ ਦੇਸ਼ ਭਰ ਵਿੱਚ ਮਨਾਇਆ ਜਾ ਰਿਹਾ ਏ। ਇਹ ਤਿਉਹਾਰ ਰਾਵਣ ਉੱਤੇ ਭਗਵਾਨ ਰਾਮ ਦੀ ਜਿੱਤ ਨੂੰ ਯਾਦ ਕਰਨ ਲਈ ਮਨਾਇਆ ਜਾਂਦਾ ਏ ਅਤੇ ਇਹ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਨੂੰ ਦਰਸਾਉਂਦਾ ਏ। ਇਹ ਦਿਨ ਨਵਰਾਤਰੀ ਅਤੇ ਦੁਰਗਾ ਪੂਜਾ ਦੀ ਸਮਾਪਤੀ ਨੂੰ ਵੀ ਦਰਸਾਉਂਦਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵਿਜਯਾਦਸ਼ਮੀ ਦੇ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ। ਆਪਣੇ ਸੰਦੇਸ਼ ਵਿੱਚ ਰਾਸ਼ਟਰਪਤੀ ਨੇ ਕਿਹਾ ਕਿ ਵਿਜੇਦਸ਼ਮੀ ਦਾ ਤਿਉਹਾਰ ਬੇਇਨਸਾਫ਼ੀ ਉੱਤੇ ਇਨਸਾਫ਼ ਦੀ ਜਿੱਤ ਦਾ ਪ੍ਰਤੀਕ ਏ। ਉਹਨਾਂ ਆਸ ਪ੍ਰਗਟਾਈ ਕਿ ਵਿਸ਼ਵਾਸ ਅਤੇ ਜੋਸ਼ ਦਾ ਇਹ ਤਿਉਹਾਰ ਸਾਰਿਆਂ ਲਈ ਸਫਲਤਾ, ਖੁਸੀ ਅਤੇ ਖੁਸ਼ਹਾਲੀ ਲਿਆਵੇਗਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਦੁਸ਼ਹਿਰੇ ਦੇ ਪਰਵ ਤੇ ਲੋਕਾਂ ਨੂੰ ਵਧਾਈ

ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਮੋਦੀ ਨੇ ਕਾਮਨਾ ਕੀਤੀ ਕਿ ਮਾਂ ਦੁਰਗਾ ਅਤੇ ਭਗਵਾਨ ਸ਼੍ਰੀ ਰਾਮ ਦੇ ਆਸ਼ੀਰਵਾਦ ਨਾਲ, ਲੋਕ ਜੀਵਨ ਦੇ ਹਰ ਖੇਤਰ ਵਿੱਚ ਜਿੱਤ ਪ੍ਰਾਪਤ ਕਰਨਗੇ। ਉਧਰ ਉਪ - ਰਾਸ਼ਟਰਪਤੀ  ਜਗਦੀਪ ਧਨਖੜ ਨੇ ਵੀ  ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਦੁਸ਼ਹਿਰੇ ਦੇ ਤਿਉਹਾਰ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੰਦਿਆਂ ਸਾਰਿਆਂ ਨੂੰ ਬੁਰਾਈਆਂ ਨੂੰ ਖ਼ਤਮ ਕਰਨ ਦਾ ਪ੍ਰਣ ਲੈਣ ਦਾ ਸੱਦਾ ਦਿੱਤਾ ਏ।

----------------------------------------------------

ਉਧਰ ਦੇਸ਼ ਦੇ ਹੋਰਨਾਂ ਹਿੱਸਿਆਂ ਵਾਂਗ ਪੰਜਾਬ ਵਿੱਚ ਵੀ ਦੁਸਹਿਰੇ ਦਾ ਤਿਉਹਾਰ ਬੜੀ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ । ਇਸ ਸੰਬੰਧ ਵਿੱਚ ਲੋਕਾਂ ਵਿੱਚ ਉਤਸ਼ਾਹ ਅਤੇ ਚਾਅ  ਦੇਖਣ ਨੂੰ ਮਿਲ ਰਿਹਾ ਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਬੁਰਾਈ ‘ਤੇ ਚੰਗਆਿਾਈ ਦੀ ਜੱਿਤ ਦੇ ਪ੍ਰਤੀਕ ਦੁਸਹਰਿੇ ਦੇ ਪਵਤਰ ਤਉਿਹਾਰ ਦੀਆਂ ਸਾਰਆਿਂ ਨੂੰ ਵਧਾਈਆਂ ਦਿੱਤੀਆਂ ਨੇ। ਉਹਨਾਂ ਲੋਕਾਂ ਨੂੰ ਨੇਕੀ ਤੇ

ਸੱਚਾਈ ਦੇ ਰਾਹ ‘ਤੇ ਚੱਲਣ ਅਤੇ ਬੁਰਾਈ ਨੂੰ ਸਮਾਜ ਤੇ ਜੀਵਨ ‘ਚੋਂ ਖ਼ਤਮ ਕਰਨ  ਦਾ ਪ੍ਰਣ ਕਰਨ ਦੀ ਅਪੀਲ ਕੀਤੀ ਏ।

----------------------------------------------------------------

ਪੰਜਾਬ ’ਚ ਦੁਸਹਿਰਾ ਦੇ ਜਸ਼ਨਾਂ ਅਤੇ ਆਗਾਮੀ ਪੰਚਾਇਤੀ ਚੋਣਾਂ ਦੇ ਮੱ ਦੇਨਜ਼ਰ ਪੰਜਾਬ  ਦੇ ਡਾਇਰੈਕਟਰ ਜਨਰਲ  ਆਫ਼  ਪੁਲਿਸ  (ਡੀਜੀਪੀ) ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਪੰਜਾਬ ਪੁਲੀਸ ਨੇ ਸ਼ੁੱਕਰਵਾਰ ਨੂੰ ਸੂਬੇ ਭਰ ’ਚ ਰੈੱਡ ਅਲਰਟ ਜਾਰੀ ਕਰ ਦਿੱਤਾ ਏ। ਨਾਗਰਿਕਾਂ ਦੀ ਸੁਰੱਖਿਆ ਤੇ ਸਲਾਮਤੀ ਨੂੰ ਯਕੀਨੀ ਬਣਾਉਣ ਲਈ  ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਜਲੰਧਰ ਦਾ ਅਚਨਚੇਤ ਦੌਰਾ ਕਰਦਿਆਂ ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਸੂਬੇ ਭਰ ਵਿੱਚ ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਸਮਾਜ ਵਿਰੋਧੀ ਅਨਸਰਾਂ ’ਤੇ  ਤਿੱਖੀ ਨਜ਼ਰ ਰੱਖਣ ਲਈ 600 ਤੋਂ ਵੱਧ ਹਾਈਟੈਕ ਮਜ਼ਬੂਤ ਨਾਕੇ ਲਗਾਏ ਗਏ ਹਨ।   ਉਨ੍ਹਾਂ ਦੱਸਿਆ ਕਿ ਨਾਕਿਆਂ ’ਤੇ ਤਾਇਨਾਤ ਪੁਲਿਸ ਕਰਮੀਆਂ ਨੂੰ ਸਾਰੇ ਦੋਪਹੀਆ ਵਾਹਨਾਂ ਅਤੇ ਸ਼ੱਕੀ ਵਾਹਨਾਂ ਦੀ ਵਿਆਪਕ ਚੈਕਿੰਗ ਕਰਨ ਅਤੇ ਸ਼ੱਕੀ ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕਰਨ ਲਈ

ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀਆਂ ਸਾਰੀਆਂ ਅੰਤਰ-ਰਾਜੀ ਅਤੇ ਅੰਤਰ-ਜ਼ਿਲ੍ਹਾ ਸਰਹੱਦਾਂ ਨੂੰ ਸੀਲ ਕਰ ਦਿੱਤਾ ਗਿਆ ਹੈ। ਬਾਅਦ ਵਿੱਚ ਉਨ੍ਹਾਂ ਨੇ ਜਲੰਧਰ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਦੀ ਮੌਜੂਦਗੀ ਵਿੱਚ ਜਲੰਧਰ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ। ਸਾਰੇ ਅਧਿਕਾਰੀਆਂ ਨਾਲ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਹੋਏ ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਉਨ੍ਹਾਂ ਨੂੰ ਆਪਣੇ-ਆਪਣੇ ਅਧਿਕਾਰ ਖੇਤਰਾਂ ਵਿੱਚ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਸਮੂਹ ਸਟੇਸ਼ਨ ਹਾਊਸ ਅਫਸਰਾਂ (ਐਸ.ਐਚ.ਓਜ਼) ਅਤੇ ਗਜ਼ਟਿਡ ਅਫਸਰਾਂ ਨੂੰ ਤਿਉਹਾਰਾਂ ਦੇ ਸੀਜ਼ਨ ਦੀ ਸਮਾਪਤੀ ਤੱਕ ਫੀਲਡ ਵਿੱਚ ਰਹਿਣ ਲਈ ਵੀ ਹਦਾਇਤ ਕੀਤੀ।

---------------------------------------------------------

ਵਿਰੋਧੀ ਧੀਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਆਮ ਅਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਤੇ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ‘ਤੇ ਪੰਜਾਬ ਦੇ ਵਧਦੇ ਖੇਤੀ ਸੰਕਟ ਨੂੰ ਹੱਲ ਕਰਨ ਵੱਿਚ ਨਾਕਾਮ ਰਹਿਣ ਦਾ ਦੋਸ਼ ਲਾਇਆ ਏ । ਉਨ੍ਹਾਂ ਨੇ

ਸਥਤਿੀ 'ਤੇ ਡੂੰਘੀ ਚਿੰਤਾ ਜ਼ਾਹਿਰ ਕਰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਰਾਜ ਸਰਕਾਰ ਅਤੇ ਕੇਂਦਰ ਸਰਕਾਰ ਦੋਵੇਂ ਹੀ ਪੰਜਾਬ ਦੇ ਕਿਸਾਨ ਭਾਈਚਾਰੇ ਨੂੰ ਦਰਪੇਸ਼ ਪ੍ਰਮੁੱਖ ਮੁੱਦਿਆਂ ਨੂੰ ਹੱਲ ਕਰਨ ਵਿੱਚ ਅਸਫ਼ਲ ਰਹੀਆਂ ਨੇ। ਉਹਨਾਂ ਨੇ ਰਾਈਸ ਮਿਲਰਾਂ ਅਤੇ ਆੜ੍ਹਤੀਆਂ ਵੱਲੋਂ ਚੱਲ ਰਹੇ ਵਿਰੋਧ ਅਤੇ ਪੰਜਾਬ ਦੀ ਖੇਤੀ ਆਰਥਕਿਤਾ ਲਈ ਵਧ ਰਹੇ ਖਤਰੇ ਬਾਰੇ ਗੰਭੀਰ ਚਿੰਤਾਵਾਂ ਜ਼ਾਹਰ ਕੀਤੀਆਂ।

---------------------------------------------------------

ਸਰਹੱਦ ਪਾਰ ਤੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈਟਵਰਕ ਨੂੰ ਵੱਡਾ ਝਟਕਾ ਦਿੰਦੇ ਹੋਏ ਕਾਊਂਟਰ ਇੰਟੈਲੀਜੈਂਸ, ਅੰਮ੍ਰਿਤਸਰ ਵਲੋਂ ਪਿੰਡ ਸੁੱਖੇਵਾਲਾ, ਅੰਮ੍ਰਿਤਸਰ ਨੇੜੇ ਦੋ ਸ਼ੱਕੀ ਵਾਹਨਾਂ ਨੂੰ ਰੋਕ ਕੇ ਉਨ੍ਹਾਂ ਪਾਸੋਂ 10.4 ਕਿਲੋ ਹੈਰੋਇਨ ਬਰਾਮਦ ਕੀਤੀ ਗਈ ਏ। ਮੁਲਜ਼ਮਾਂ ਵਿਚੋਂ ਇੱਕ ਸੁਖਰਾਜ ਸਿੰਘ ਵਾਸੀ ਤਰਨਤਾਰਨ ਆਪਣੇ ਇਕ ਅਣਪਛਾਤੇ ਸਾਥੀ ਸਮੇਤ ਫ਼ਰਾਰ ਹੋ ਗਿਆ, ਜਦਕਿ ਨਸ਼ੀਲੇ ਪਦਾਰਥ ਮੌਕੇ ’ਤੇ ਕਾਬੂ ਕਰ ਲਿਆ ਗਿਆ। ਐਨ.ਡੀ.ਪੀ.ਐਸ ਐਕਟ ਤਹਿਤ

ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਫ਼ਰਾਰ ਮੁਲਜ਼ਮਾਂ ਨੂੰ ਫੜਨ ਲਈ ਵੱਡੇ ਪੱਧਰ ’ਤੇ ਯਤਨ ਕੀਤੇ ਜਾ ਰਹੇ ਨੇ।

----------------------------------------------------------

ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿੱਚ ਡੇਂਗੂ ਦੇ ਸਾਹਮਣੇ ਆ ਰਹੇ ਕੇਸਾਂ ਨੂੰ ਲੈ ਕੇ ਸਿਹਤ ਵਿਭਾਗ ਹਰਕਤ ਵਿੱਚ ਆ ਚੁੱਕਾ ਏ । ਸਿਹਤ ਵਿਭਾਗ ਕੋਲ ਮਾਰਚ ਮਹੀਨੇ ਤੋਂ ਹੁਣ ਤੱਕ 27 ਕੇਸ ਦਰਜ ਕੀਤੇ ਜਾ ਚੁੱਕੇ ਨੇ ਭਾਵੇਂ ਇਹ ਮਰੀਜ਼ ਪੂਰੀ ਤਰ੍ਹਾਂ ਠੀਕ ਹੋ ਕੇ ਆਪਣੇ ਘਰਾਂ ਨੂੰ ਜਾ ਚੁੱਕੇ ਹਨ ਪਰ ਫਿਰ ਵੀ ਸਿਹਤ ਵਿਭਾਗ ਪੂਰੀ ਤਰ੍ਹਾਂ ਮੁਸਤੈਦ ਦਿਖਾਈ ਦੇ ਰਿਹਾ ਤੇ ਡੇਂਗੂ ਦੇ ਮਰੀਜਾਂ ਦੇ ਇਲਾਜ ਲਈ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਵਿਖੇ ਡੇਂਗੂ ਵਾਰਡ ਬਣਾਇਆ ਗਿਆ ਏ।ਜਿੱਥੋਂ ਵੀ ਡੇਂਗੂ ਦੇ ਕੇਸ ਸਾਹਮਣੇ ਆ ਰਹੇ ਨੇ ਉੱਥੇ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਜਾ ਕੇ ਟੈਸਟਿੰਗ ਕੀਤੀ ਜਾ ਰਹੀ ਏ । ਸਿਵਲ ਸਰਜਨ ਡਾ: ਦਵਿੰਦਰਜੀਤ ਕੋਰ ਨੇ ਦੱਸਿਆ ਕਿ ਪਿੰਡ ਗੜੋਲੀਆਂ ਵਿਖੇ ਡੇਂਗੂ ਤੇ ਮਰੀਜ਼ਾਂ ਦੇ ਮਾਮਲੇ ਸਾਹਮਣੇ ਆਉਣ ਤੋਂ ਬਾਅਦ ਸਿਹਤ ਵਿਭਾਗ ਵੱਲੋਂ ਮੈਡੀਕਲ ਚੈਕਅੱਪ ਕੈਂਪ ਲਗਾਏ ਜਾ ਰਹੇ ਨੇ , ਮੱਛਰਾਂ ਨੂੰ ਮਾਰਨ ਲਈ ਫੋਗਿੰਗ ਕੀਤੀ ਜਾ

ਰਹੀ ਏ ਤੇ ਘਰੋਂ ਘਰੀ ਜਾ ਕੇ ਪਾਣੀ ਨੂੰ ਖੜਾ ਨਾ ਹੋਣ  ਸਬੰਧੀ ਜਾਗਰੂਕ ਕੀਤਾ ਜਾ ਰਿਹਾ ਏ ।

---------------------------------------------------------------

ਭਾਰਤ ਅਤੇ ਬੰਗਲਾਦੇਸ਼ ਵਿਚਾਲੇ ਤੀਜਾ ਅਤੇ ਆਖਰੀ ਟੀ-20 ਕ੍ਰਿਕਟ ਮੈਚ ਅੱਜ ਹੈਦਰਾਬਾਦ 'ਚ ਖੇਡਿਆ ਜਾਵੇਗਾ। ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਭਾਰਤੀ ਟੀਮ 3 ਮੈਚਾਂ ਦੀ ਇੱਸ ਲੜੀ 'ਚ 2-0 ਨਾਲ ਅੱਗੇ ਏ । ਦਿੱਲੀ ਵਿੱਚ ਹੋਏ ਦੂਜੇ ਮੈਚ ਵਿੱਚ ਭਾਰਤ ਨੇ ਬੰਗਲਾਦੇਸ਼ ਨੂੰ 86 ਦੌੜਾਂ ਨਾਲ ਹਰਾਇਆ ਸੀ, ਜਦੋਂ ਕਿ ਗਵਾਲੀਅਰ ਵਿੱਚ ਪਹਿਲੇ ਮੈਚ ਵਿੱਚ ਸੱਤ ਵਿਕਟਾਂ ਨਾਲ ਜਿੱਤ ਦਰਜ ਕੀਤੀ ਸੀ ।